# ਦਫਤਰ ਜਿਲਾ ਮੈਜਿਸਟਰੇਟ, ਜਲੰਧਰ
**Office of the District Magistrate**
Jalandhar (Punjab)

No. ..........................
Date ........................

Phone :0181-2224783(O)
:0181-2459664(R)
Fax :0181-2224727
Email: dc.jal@punjabmail.gov.in


## ਹੁਕਮ

ਕੋਵਿਡ-19 (ਕਰੋਨਾ ਵਾਇਰਸ) ਵਾਇਰਸ ਵੱਲੋਂ ਪੂਰੇ ਵਿਸ਼ਵ ਵਿੱਚ ਦਹਿਸ਼ਤ ਫੈਲਾਈ ਹੈ। ਜਿਸ ਨੂੰ ਸਰਕਾਰ ਵੱਲੋਂ ਵੀ ਮਹਾਂਮਾਰੀ ਬਿਮਾਰੀ ਘੋਸ਼ਿਤ ਕੀਤਾ ਜਾ ਚੁੱਕਾ ਹੈ ਅਤੇ ਇਸ ਨੇ ਆਪਣੇ ਪੈਰ ਭਾਰਤ ਵਿੱਚ ਵੀ ਪਸਾਰਨੇ ਸ਼ੁਰੂ ਕਰ ਦਿੱਤੇ ਹਨ। ਜਿਸ ਦੀ ਰੋਕਥਾਮ ਕਰਨੀ ਬਹੁਤ ਜਰੂਰੀ ਹੋ ਚੁਕੀ ਹੈ।

ਇਸ ਸਬੰਧੀ ਇਸ ਦਫਤਰ ਦੇ ਪੱਤਰ ਨੰ 3062-85/ਐਮ.ਸੀ-4/ਐਮ.ਏ ਮਿਤੀ 23-03-2020 ਰਾਂਹੀ ਜਿਲ੍ਹਾ ਜਲੰਧਰ ਵਿੱਚ ਕਰਫਿਊ ਲਾਗੂ ਕਰਨ ਸਬੰਧੀ ਹੁਕਮ ਜਾਰੀ ਕੀਤੇ ਗਏ ਸਨ। ਇਹ ਧਿਆਨ ਦੇ ਵਿੱਚ ਆਇਆ ਹੈ ਕਿ ਪਾਨ, ਪਾਨ ਮਸਾਲਾ (Pan Masala), ਚਿਊਂਗਮ (Chewing Gum)/ ਬਬਲਗਮ (Bubble Gum), ਚੱਬਣ ਵਾਲਾ ਤੰਬਾਕੂ ਅਤੇ ਜਰਦਾ ਆਦਿ ਪਦਾਰਥਾਂ ਦੀ ਵਰਤੋਂ ਕਰਨ ਉਪਰੰਤ ਪਬਲਿਕ ਥਾਵਾਂ ਤੇ ਵਾਰ ਵਾਰ ਥੁਕੱਣ ਦੇ ਨਾਲ ਕਰੋਨਾ ਮਹਾਂਮਾਰੀ ਦੇ ਫੈਲਣ ਦੇ ਆਸਾਰ ਵੱਧ ਜਾਂਦੇ ਹਨ।

ਕੇਂਦਰ ਅਤੇ ਰਾਜ ਸਰਕਾਰ ਵੱਲੋਂ ਕੋਵਿਡ-19 ਨੂੰ ਮਹਾਂਮਾਰੀ ਘੋਸ਼ਿਤ ਕਰਕੇ National Disaster Management Act, 2005 ਅਤੇ Epidemic Diseases Act, 1897 ਨੂੰ Invoke ਕੀਤਾ ਜਾ ਚੁੱਕਾ ਹੈ। ਇਸ ਲਈ ਲੋਕ ਹਿੱਤ ਨੂੰ ਧਿਆਨ ਵਿੱਚ ਰਖਦੇ ਹੋਏ ਕੀਮਤੀ ਮਨੁੱਖੀ ਜਾਨਾਂ ਨੂੰ ਕਰੋਨਾ ਮਹਾਂਮਾਰੀ ਤੋਂ ਬਚਾਉਣ ਲਈ ਉਕਤ Acts ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਮੈਂ, ਵਰਿੰਦਰ ਕੁਮਾਰ ਸ਼ਰਮਾ, ਆਈ.ਏ.ਐਸ., ਜਿਲ੍ਹਾ ਮੈਜਿਸਟਰੇਟ, ਜਲੰਧਰ ਜਿਲ੍ਹਾ ਜਲੰਧਰ ਦੀ ਹਦੂਦ ਅੰਦਰ ਹਰ ਤਰ੍ਹਾਂ ਦੇ ਪਾਨ, ਪਾਨ ਮਸਾਲਾ (Pan Masala), ਚਿਊਂਗਮ (Chewing Gum)/ ਬਬਲਗਮ (Bubble Gum), ਚੱਬਣ ਵਾਲਾ ਤੰਬਾਕੂ ਅਤੇ ਜਰਦਾ ਆਦਿ ਪਦਾਰਥਾਂ ਦੀ ਵਰਤੋਂ ਕਰਨ ਉਪਰੰਤ ਪਬਲਿਕ ਥਾਵਾਂ ਤੇ ਥੁਕੱਣ ਉੱਤੇ ਪਾਬੰਦੀ ਲਗਾਉਂਦਾ ਹਾਂ।

ਜਿਲ੍ਹਾ ਮੈਜਿਸਟਰੇਟ,
ਜਲੰਧਰ।

ਪਿੱਠ ਅੰਕਣ ਨੰ.6006-20 /ਐਮ.ਸੀ.4/ਐਮ.ਏ ਮਿਤੀ- 15-04-2020

ਇਸ ਦਾ ਇਕ ਉਤਾਰਾ ਹੇਠ ਦਰਜ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ-

1. ਕਮਿਸ਼ਨਰ ਜਲੰਧਰ ਮੰਡਲ, ਜਲੰਧਰ
2. ਕਮਿਸ਼ਨਰ ਆਫ ਪੁਲਿਸ ਜਲੰਧਰ ਅਤੇ ਸੀਨੀਅਰ ਪੁਲਿਸ ਕਪਤਾਨ (ਦਿਹਾਤੀ) ਜਲੰਧਰ
3. ਕਮਿਸ਼ਨਰ, ਨਗਰ ਨਿਗਮ, ਜਲੰਧਰ
4. ਸਿਵਲ ਸਰਜਨ, ਜਲੰਧਰ
5. ਜਿਲ੍ਹਾ ਕੰਟਰੋਲਰ, ਖੁਰਾਕ ਤੇ ਸਪਲਾਈ, ਜਲੰਧਰ
6. ਜਿਲ੍ਹਾ ਲੋਕ ਸਪੰਰਕ ਅਫਸਰ, ਜਲੰਧਰ
7. ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਜਲੰਧਰ
8. ਪੀ.ਏ. ਟੂ ਡੀ.ਐਮ., ਸਟੈਨੋ ਟੂ ਏ.ਡੀ.ਐਮ, ਸਟੈਨੋ ਟੂ ਏ.ਸੀ(ਜ), ਸਟੈਨੋ ਟੂ ਏ.ਸੀ(ਸ਼ਿ)

ਵਾ. ਜਿਲ੍ਹਾ ਮੈਜਿਸਟਰੇਟ 15/4/2020
ਜਲੰਧਰ।



Scanned with CamScanner